ਸਾਰਗ ਮਹਲਾ ੫ ॥ ਨਾਮ ਭਗਤਿ ਮਾਗੁ ਸੰਤ ਤਿਆਗਿ ਸਗਲ ਕਾਮੀ ॥੧॥ ਰਹਾਉ ॥ ਪ੍ਰੀਤਿ ਲਾਇ ਹਰਿ ਧਿਆਇ ਗੁਨ ਗੋੁਬਿੰਦ ਸਦਾ ਗਾਇ ॥ ਹਰਿ ਜਨ ਕੀ ਰੇਨ ਬਾਂਛੁ ਦੈਨਹਾਰ ਸੁਆਮੀ ॥੧॥ ਸਰਬ ਕੁਸਲ ਸੁਖ ਬਿਸ੍ਰਾਮ ਆਨਦਾ ਆਨੰਦ ਨਾਮ ਜਮ ਕੀ ਕਛੁ ਨਾਹਿ ਤ੍ਰਾਸ ਸਿਮਰਿ ਅੰਤਰਜਾਮੀ ॥ ਏਕ ਸਰਨ ਗੋਬਿੰਦ ਚਰਨ ਸੰਸਾਰ ਸਗਲ ਤਾਪ ਹਰਨ ॥ ਨਾਵ ਰੂਪ ਸਾਧਸੰਗ ਨਾਨਕ ਪਾਰਗਰਾਮੀ ॥੨॥੫॥੧੩੪॥ {ਪੰਨਾ 1230}

ਪਦਅਰਥ:- ਮਾਗੁ—ਮੰਗਦਾ ਰਹੁ। ਕਾਮੀ—ਕੰਮ।1। ਰਹਾਉ।

ਲਾਇ—ਲਾ ਕੇ। ਗੋੁਬਿੰਦ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ ਹੈ 'ਗੋਬਿੰਦ'। ਇਥੇ 'ਗੁਬਿੰਦ' ਪੜ੍ਹਨਾ ਹੈ}। ਗਾਇ—ਗਾਇਆ ਕਰ। ਰੇਨ—ਚਰਨ-ਧੂੜ। ਬਾਂਛੁ—ਲੋੜਦਾ ਰਹੁ। ਦੈਨਹਾਰ—ਦੇਣ ਦੀ ਸਮਰਥਾ ਵਾਲੇ ਤੋਂ।1।

ਸਰਬ—ਸਾਰੇ। ਕੁਸਲ—ਸੁਖ। ਬਿਸ੍ਰਾਮ—ਟਿਕਾਣਾ, ਸੋਮਾ। ਤ੍ਰਾਸ—ਡਰ। ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ। ਤਾਪ ਹਰਨ—ਦੁੱਖ ਦੂਰ ਕਰਨ ਵਾਲਾ। ਨਾਵ—ਬੇੜੀ। ਨਾਵ ਰੂਪ—ਬੇੜੀ ਵਰਗਾ ਹੈ। ਪਾਰਗਰਾਮੀ—(ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲਾ।2।

ਅਰਥ:- ਹੇ ਭਾਈ! ਹੋਰ ਸਾਰੇ ਆਹਰ ਛੱਡ ਕੇ (ਭੀ) ਸੰਤ ਜਨਾਂ ਪਾਸੋਂ ਪਰਮਾਤਮਾ ਦਾ ਨਾਮ ਪਰਮਾਤਮਾ ਦੀ ਭਗਤੀ ਮੰਗਦਾ ਰਿਹਾ ਕਰ।1। ਰਹਾਉ।

ਹੇ ਭਾਈ! ਪਿਆਰ ਨਾਲ ਪਰਮਾਤਮਾ ਦਾ ਧਿਆਨ ਧਰਿਆ ਕਰ, ਸਦਾ ਗੋਬਿੰਦ ਦੇ ਗੁਣ ਗਾਂਦਾ ਰਿਹਾ ਕਰ। ਉਸ ਸਭ ਕੁਝ ਦੇ ਸਕਣ ਵਾਲੇ ਮਾਲਕ-ਪ੍ਰਭੂ ਤੋਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਰਿਹਾ ਕਰ।1।

ਹੇ ਭਾਈ! ਪਰਮਾਤਮਾ ਦਾ ਨਾਮ ਸਾਰੇ ਸੁਖਾਂ ਦਾ ਸਾਰੀਆਂ ਖ਼ੁਸ਼ੀਆਂ ਦਾ, ਸਾਰੇ ਆਨੰਦਾਂ ਦਾ ਸੋਮਾ ਹੈ। ਹਰੇਕ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ ਦਾ ਨਾਮ ਸਿਮਰਿਆ ਕਰ, ਜਮਾਂ ਦਾ (ਭੀ) ਕੋਈ ਡਰ ਨਹੀਂ ਰਹਿ ਜਾਂਦਾ।

ਹੇ ਨਾਨਕ! ਇਕ ਪਰਮਾਤਮਾ ਦੇ ਚਰਨਾਂ ਦੀ ਸਰਨ ਜਗਤ ਦੇ ਸਾਰੇ ਦੁੱਖ-ਕਲੇਸ਼ ਦੂਰ ਕਰਨ ਜੋਗੀ ਹੈ। (ਇਹ ਸਰਨ ਸਾਧ ਸੰਗਤਿ ਵਿਚ ਹੀ ਮਿਲਦੀ ਹੈ, ਤੇ) ਸਾਧ ਸੰਗਤਿ ਬੇੜੀ ਵਾਂਗ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲੀ ਹੈ।2।5। 134।